pstcl

**ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ**

ਰਜਿ: ਦਫ਼ਤਰ: ਪੀ.ਐਸ.ਈ.ਬੀ.,ਹੈੱਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ, ਭਾਰਤ
ਦਫ: ਉੱਪ ਮੁੱਖ ਇੰਜੀ:/ ਐਚ ਆਰ ਅਤੇ ਪ੍ਰਬੰਧਕੀ ਸੰਸਥਾ, ਸ਼ਕਤੀ ਸਦਨ ਪਟਿਆਲਾ
ਫੈਕਸ ਨੰ:- 0175 -2220054 ਟੈਲੀਫੂਨ ਨੰ:-0175-2370693 ਵੈਬਸਾਇਟ : pstcl.org

ਵੱਲ

1. ਉੱਪ ਸਕੱਤਰ/ਅਮਲਾ, ਪੀ.ਐਸ.ਟੀ.ਸੀ.ਐਲ, ਪਟਿਆਲਾ।
2. ਵਧੀਕ ਨਿਗ:ਇੰਜੀ:/ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।

ਮੀਮੋ ਨੰ: 386/387 /Sen./AM/HR/10 ਮਿਤੀ: 15/01/25

**ਵਿਸ਼ਾ:- ਸਹਾਇਕ ਮੈਨੇਜਰ/ਐਚ.ਆਰ. ਦੀ ਮਿਤੀ 11.12.2012 ਤੋਂ 31.10.2024 ਤੱਕ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਨੂੰ ਅੰਤਿਮ ਸੀਨੀਆਰਤਾ ਸੂਚੀ ਘੋਸ਼ਿਤ ਕਰਨ ਸਬੰਧੀ।**

ਉਪਰੋਕਤ ਦੇ ਸਬੰਧ ਵਿੱਚ ਇਸ ਦਫ਼ਤਰ ਵੱਲੋਂ ਮੀਮੋ ਨੰ: 11332/33 ਮਿਤੀ 25.11.2024 ਰਾਹੀਂ ਸਹਾਇਕ ਮੈਨੇਜਰ/ਐਚ.ਆਰ. ਦੀ ਮਿਤੀ 11.12.2012 ਤੋਂ 31.10.2024 ਤੱਕ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਪੀ.ਐਸ.ਟੀ.ਸੀ.ਐਲ ਦੀ ਵੈਬਸਾਈਟ pstcl.org ਤੇ ਉਪਲੱਬਧ ਲਿੰਕ information>seniority list ਤੇ ਅਪਲੋਡ ਕਰਦੇ ਹੋਏ ਬੇਨਤੀ ਕੀਤੀ ਗਈ ਸੀ ਕਿ ਇਸ ਟੈਨਟੇਟਿਵ ਸੀਨੀਆਰਤਾ ਸੂਚੀ ਵਿੱਚ ਦਰਸਾਏ ਅਧਿਕਾਰੀਆਂ ਦੇ ਸੇਵਾ ਵੇਰਵੇ ਅਤੇ ਅਜ਼ਮਾਇਸ਼ੀ ਸਮੇਂ ਦੌਰਾਨ ਅਨੁਸ਼ਾਸਨੀ ਕੇਸਾਂ/ਕੰਮ ਅਤੇ ਵਿਵਹਾਰ ਸਬੰਧੀ ਰਿਪੋਰਟ ਆਪਣੇ ਪੱਧਰ ਤੇ ਤਸਦੀਕ ਕਰਦੇ ਹੋਏ ਜੇਕਰ ਕਿਸੇ ਅਧਿਕਾਰੀ ਸਬੰਧੀ ਕੋਈ ਕੇਸ/ਰਿਪੋਰਟ ਦਰਜ/ਪੈਂਡਿੰਗ ਹੈ ਤਾਂ ਸੂਚੀ ਜਾਰੀ ਹੋਣ ਤੋਂ 1 ਮਹੀਨੇ ਦੇ ਅੰਦਰ-ਅੰਦਰ ਇਸ ਦਫ਼ਤਰ ਨੂੰ ਸੂਚਿਤ ਕੀਤਾ ਜਾਵੇ। ਇਸ ਤੋਂ ਇਲਾਵਾ ਇਹ ਵੀ ਲਿਖਿਆ ਗਿਆ ਸੀ ਕਿ ਇਹ ਟੈਨਟੇਟਿਵ ਸੀਨੀਆਰਤਾ ਸੂਚੀ ਸਹਾਇਕ ਮੈਨੇਜਰ/ਐਚ.ਆਰ. ਅਧਿਕਾਰੀਆਂ ਤੋਂ ਨੋਟ ਕਰਵਾ ਲਈ ਜਾਵੇ। ਜੇਕਰ ਕੋਈ ਅਧਿਕਾਰੀ ਇਹ ਅਨੁਭਵ ਕਰੇ ਕਿ ਉਸ ਨੂੰ ਸੀਨੀਆਰਤਾ ਨੰਬਰ ਅਲਾਟ ਨਹੀਂ ਕੀਤਾ ਗਿਆ ਜਾਂ ਕਿਸੇ ਅਧਿਕਾਰੀ ਦੇ ਸੇਵਾ ਵੇਰਵੇ ਗਲਤ ਹੋਣ ਤਾਂ ਉਹ ਇਸ ਸਬੰਧੀ ਆਪਣੀ ਪ੍ਰਤੀਬੇਨਤੀ, ਸੂਚੀ ਜਾਰੀ ਹੋਣ ਦੀ ਮਿਤੀ ਤੋ 1 ਮਹੀਨੇ ਦੇ ਅੰਦਰ-ਅੰਦਰ ਸਬੰਧਤ ਦਫ਼ਤਰ ਰਾਹੀਂ ਇਸ ਦਫ਼ਤਰ ਭੇਜੇ।

ਉਪਰੋਕਤ ਦੇ ਸਬੰਧ ਵਿੱਚ ਜਾਰੀ ਕੀਤੀ ਗਈ ਟੈਨਟੇਟਿਵ ਸੀਨੀਆਰਤਾ ਸੂਚੀ ਬਾਬਤ ਕੋਈ ਇਤਰਾਜ਼ ਪ੍ਰਾਪਤ ਨਹੀ ਹੋਇਆ ਹੈ, ਇਸ ਲਈ ਸਹਾਇਕ ਮੈਨੇਜਰ/ਐਚ.ਆਰ. ਅਧਿਕਾਰੀਆਂ ਦੀ ਇਸ ਟੈਨਟੇਟਿਵ ਸੀਨੀਆਰਤਾ ਸੂਚੀ ਨੂੰ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਅੰਤਿਮ ਸੀਨੀਆਰਤਾ ਸੂਚੀ ਘੋਸ਼ਿਤ ਕੀਤਾ ਜਾਂਦਾ ਹੈ:-

(1) ਇਸ ਸੀਨੀਆਰਤਾ ਸੂਚੀ ਤੇ ਕੋਰਟ ਕੇਸਾਂ/ਵਿਭਾਗੀ ਪੜਤਾਲ ਦੇ ਫੈਸਲੇ, ਜੇ ਕਰ ਕੋਈ ਹੋਣ, ਤਾਂ ਇੰਨ-ਬਿੰਨ ਲਾਗੂ ਹੋਣ ਯੋਗ ਹੋਣਗੇ।

(2) ਜੇਕਰ ਕਿਸੇ ਵੀ ਅਧਿਕਾਰੀ ਨੂੰ ਡੀਮ ਤਰੱਕੀ/ਜੂਨੀਅਰ ਅਧਿਕਾਰੀ ਤੋਂ ਉੱਪਰ ਸੀਨੀਆਰਤਾ ਦੀ ਬਹਾਲੀ ਹੁੰਦੀ ਹੈ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

(3) ਜੇਕਰ ਕਿਸੇ ਵੀ ਅਧਿਕਾਰੀ ਵੱਲੋਂ ਉਸ ਦਾ ਪਰਖ ਕਾਲ ਸਮਾਂ ਤੱਸਲੀ ਬਖਸ਼ ਪੂਰਾ ਨਹੀਂ ਕੀਤਾ ਜਾਂਦਾ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

ਨੱਥੀ/ ਸਹਾਇਕ ਮੈਨੇਜਰ/ਐਚ.ਆਰ.
ਦੀ ਅੰਤਿਮ ਸੀਨੀਆਰਤਾ ਸੂਚੀ।

15/1/25

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ

Scanned with OKEN Scanner

**ਸਹਾਇਕ ਮੈਨੇਜਰ/ਐਚ.ਆਰ. ਅਧਿਕਾਰੀਆਂ ਦੀ ਅੰਤਿਮ ਸੀਨੀਆਰਤਾ ਸੂਚੀ**
**(ਸਮਾਂ ਮਿਤੀ 11.12.2012 ਤੋਂ 31.10.2024 ਤੱਕ)**

| ਲੜੀ ਨੰ: | ਅਧਿਕਾਰੀ ਦਾ ਨਾਂ/ ਪਿਤਾ ਦਾ ਨਾਂ (ਸਰਵ.ਸ਼੍ਰੀ) | ਆਈ. ਡੀ ਨੰ: | ਸੀਨੀ: ਨੰ: | ਜਨਮ ਮਿਤੀ | PSTCL ਵਿੱਚ ਹਾਜਰ ਹੋਣ ਦੀ ਮਿਤੀ | ਮੌਜੂਦਾ ਅਸਾਮੀ ਤੇ ਲੱਗਣ ਦੀ ਮਿਤੀ | ਸ਼੍ਰੇਣੀ | ਵਿਸ਼ੇਸ਼ ਕਥਨ |
|---|---|---|---|---|---|---|---|---|
| 1 | ਜਸਪ੍ਰੀਤ ਸਿੰਘ/ ਬਰਜਿੰਦਰਜੀਤ ਸਿੰਘ | 505005 | 3 | 25-10-96 | 25-04-22 | 25-04-22 | ਜਨਰਲ | |
| 2 | ਚਾਰੂ ਭੱਟਾਚਾਰਿਯਾ/ ਸਪਨ ਕੁਮਾਰ ਭੱਟਾਚਾਰਿਯਾ | 505004 | 4 | 28-08-91 | 20-04-22 | 20-04-22 | ਜਨਰਲ | |

15/1/25

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ

Scanned with OKEN Scanner